ਸੋਰਠਿ ਮਹਲਾ ੧ ॥ ਹਉ ਪਾਪੀ ਪਤਿਤੁ ਪਰਮ ਪਾਖੰਡੀ ਤੂ ਨਿਰਮਲੁ ਨਿਰੰਕਾਰੀ ॥ ਅੰਮ੍ਰਿਤੁ ਚਾਖਿ ਪਰਮ ਰਸਿ ਰਾਤੇ ਠਾਕੁਰ ਸਰਣਿ ਤੁਮਾਰੀ ॥੧॥ ਕਰਤਾ ਤੂ ਮੈ ਮਾਣੁ ਨਿਮਾਣੇ ॥ ਮਾਣੁ ਮਹਤੁ ਨਾਮੁ ਧਨੁ ਪਲੈ ਸਾਚੈ ਸਬਦਿ ਸਮਾਣੇ ॥ ਰਹਾਉ ॥ ਤੂ ਪੂਰਾ ਹਮ ਊਰੇ ਹੋਛੇ ਤੂ ਗਉਰਾ ਹਮ ਹਉਰੇ ॥ ਤੁਝ ਹੀ ਮਨ ਰਾਤੇ ਅਹਿਨਿਸਿ ਪਰਭਾਤੇ ਹਰਿ ਰਸਨਾ ਜਪਿ ਮਨ ਰੇ ॥੨॥ ਤੁਮ ਸਾਚੇ ਹਮ ਤੁਮ ਹੀ ਰਾਚੇ ਸਬਦਿ ਭੇਦਿ ਫੁਨਿ ਸਾਚੇ ॥ ਅਹਿਨਿਸਿ ਨਾਮਿ ਰਤੇ ਸੇ ਸੂਚੇ ਮਰਿ ਜਨਮੇ ਸੇ ਕਾਚੇ ॥ ੩॥ ਅਵਰੁ ਨ ਦੀਸੈ ਕਿਸੁ ਸਾਲਾਹੀ ਤਿਸਹਿ ਸਰੀਕੁ ਨ ਕੋਈ ॥ ਪ੍ਰਣਵਤਿ ਨਾਨਕੁ ਦਾ ਸਨਿ ਦਾਸਾ ਗੁਰਮਤਿ ਜਾਨਿਆ ਸੋਈ ॥੪॥੫॥ {ਪੰਨਾ 596-597}

ਪਦਅਰਥ:- ਹਉ—ਮੈਂ। ਪਤਿਤੁ—ਡਿੱਗਾ ਹੋਇਆ, ਵਿਕਾਰਾਂ ਵਿਚ ਪਿਆ ਹੋਇਆ। ਅੰਮ੍ਰਿਤੁ—ਅਟੱਲ ਜੀਵਨ ਦੇਣ ਵਾਲਾ ਨਾਮ-ਰਸ। ਰਸਿ—ਰਸ ਵਿਚ। ਠਾਕੁਰ—ਹੇ ਠਾਕੁਰ!।1।

ਕਰਤਾ—ਹੇ ਕਰਤਾਰ! ਮਹਤੁ—ਮਹੱਤਤਾ, ਵਡਿਆਈ। ਰਹਾਉ।

ਊਰੇ—ਊਣੇ। ਹੋਛੇ—ਥੋੜ੍ਹ-ਵਿਤੇ। ਗਉਰਾ—ਗੰਭੀਰ, ਭਾਰਾ। ਹਉਰੇ—ਹੌਲੇ। ਮਨ—ਜਿਨ੍ਹਾਂ ਦੇ ਮਨ। ਰਸਨਾ—ਜੀਭ। ਮਨ ਰੇ—ਹੇ ਮੇਰੇ ਮਨ!

ਸਾਚੇ—ਸਦਾ-ਥਿਰ ਰਹਿਣ ਵਾਲੇ। ਭੇਦਿ—ਵਿੱਝ ਕੇ। ਫੁਨਿ—ਮੁੜ, ਭੀ। ਅਹਿ—ਦਿਨ। ਨਿਸਿ—ਰਾਤ। ਨਾਮਿ—ਨਾਮ ਵਿਚ। ਕਾਚੇ—ਕੱਚੀ ਘਾੜਤ ਵਾਲੇ, ਕੋਝੀ ਘਾੜਤ ਵਾਲੇ।3।

ਸਾਲਾਹੀ—ਮੈਂ ਸਿਫ਼ਤਿ ਕਰਾਂ। ਸਰੀਕੁ—ਬਰਾਬਰ ਦਾ।4।

ਅਰਥ:- ਹੇ ਮੇਰੇ ਕਰਤਾਰ! (ਦੁਨੀਆ ਵਿਚ ਕਿਸੇ ਨੂੰ ਧਨ ਦਾ ਮਾਣ, ਕਿਸੇ ਨੂੰ ਗੁਣਾਂ ਦਾ ਫ਼ਖ਼ਰ। ਮੇਰੇ ਪੱਲੇ ਗੁਣ ਨਹੀਂ ਹਨ) ਮੈਂ ਨਿਮਾਣੇ ਵਾਸਤੇ ਤੂੰ ਹੀ ਮਾਣ ਹੈਂ (ਮੈਨੂੰ ਤੇਰਾ ਹੀ ਮਾਣ ਹੈ, ਆਸਰਾ ਹੈ)। ਜਿਨ੍ਹਾਂ ਦੇ ਪੱਲੇ ਪਰਮਾਤਮਾ ਦਾ ਨਾਮ-ਧਨ ਹੈ, ਜੋ ਗੁਰ-ਸ਼ਬਦ ਦੀ ਰਾਹੀਂ ਸਦਾ-ਥਿਰ ਰਹਿਣ ਵਾਲੇ ਪ੍ਰਭੂ ਵਿਚ ਲੀਨ ਰਹਿੰਦੇ ਹਨ ਉਹਨਾਂ ਨੂੰ ਹੀ ਮਾਣ ਮਿਲਦਾ ਹੈ ਉਹਨਾਂ ਨੂੰ ਹੀ ਵਡਿਆਈ ਮਿਲਦੀ ਹੈ। ਰਹਾਉ।

ਹੇ ਮੇਰੇ ਠਾਕੁਰ! ਮੈਂ ਵਿਕਾਰੀ ਹਾਂ, (ਸਦਾ ਵਿਕਾਰਾਂ ਵਿਚ ਹੀ) ਡਿਗਿਆ ਰਹਿੰਦਾ ਹਾਂ, ਬੜਾ ਹੀ ਪਖੰਡੀ ਹਾਂ, ਤੂੰ ਪਵਿਤ੍ਰ ਨਿਰੰਕਾਰ ਹੈਂ। (ਇਤਨੀ ਭਾਰੀ ਵਿੱਥ ਹੁੰਦਿਆਂ ਮੈਂ ਤੇਰੇ ਚਰਨਾਂ ਵਿਚ ਕਿਵੇਂ ਪਹੁੰਚਾਂ?)। (ਪਰ ਤੂੰ ਸਰਨ ਪਏ ਦੀ ਲਾਜ ਰੱਖਣ ਵਾਲਾ ਹੈਂ) ਜੇਹੜੇ ਬੰਦੇ ਤੇਰੀ ਸਰਨ ਪੈਂਦੇ ਹਨ; ਉਹ ਅਟੱਲ ਆਤਮਕ ਜੀਵਨ ਦੇਣ ਵਾਲਾ ਤੇਰਾ ਨਾਮ-ਰਸ ਚੱਖ ਕੇ ਉਸ ਸਭ ਤੋਂ ਉੱਚੇ ਰਸ ਵਿਚ ਮਸਤ ਰਹਿੰਦੇ ਹਨ।1।

ਹੇ ਪ੍ਰਭੂ! ਤੂੰ ਗੁਣਾਂ ਨਾਲ ਭਰਪੂਰ ਹੈਂ, ਅਸੀਂ ਜੀਵ ਊਣੇ ਹਾਂ ਤੇ ਥੋੜ੍ਹ-ਵਿਤੇ ਹਾਂ। ਤੂੰ ਗੰਭੀਰ ਹੈਂ ਅਸੀਂ ਹੌਲੇ ਹਾਂ (ਹੇ ਪ੍ਰਭੂ!) ਜਿਨ੍ਹਾਂ ਦੇ ਮਨ ਦਿਨ ਰਾਤ ਹਰ ਵੇਲੇ ਤੇਰੇ ਪਿਆਰ ਵਿਚ ਰੰਗੇ ਰਹਿੰਦੇ ਹਨ (ਉਹਨਾਂ ਨੂੰ ਤੂੰ ਆਪਣੇ ਚਰਨਾਂ ਵਿਚ ਜੋੜ ਕੇ ਪੂਰਾ ਤੇ ਗੰਭੀਰ ਬਣਾ ਲੈਂਦਾ ਹੈਂ)। ਹੇ ਮੇਰੇ ਮਨ! ਤੂੰ ਭੀ ਜੀਭ ਨਾਲ ਪਰਮਾਤਮਾ ਦਾ ਨਾਮ ਜਪ (ਤੇਰੇ ਅੰਦਰ ਭੀ ਉਸ ਦੀ ਮੇਹਰ ਨਾਲ ਗੁਣ ਪੈਦਾ ਹੋ ਜਾਣਗੇ)।2।

ਹੇ ਪ੍ਰਭੂ! ਤੂੰ ਸਦਾ-ਥਿਰ ਰਹਿਣ ਵਾਲਾ ਹੈਂ, ਜੇ ਅਸੀਂ ਜੀਵ ਤੇਰੀ ਯਾਦ ਵਿਚ ਹੀ ਟਿਕੇ ਰਹੀਏ, ਜੇ ਅਸੀਂ ਤੇਰੀ ਸਿਫ਼ਤਿ-ਸਾਲਾਹ ਦੇ ਸ਼ਬਦ ਵਿਚ ਵਿਝੇ ਰਹੀਏ, ਤਾਂ ਅਸੀਂ ਭੀ (ਤੇਰੀ ਮੇਹਰ ਨਾਲ) ਅਡੋਲ-ਚਿੱਤ ਹੋ ਸਕਦੇ ਹਾਂ। ਜੇਹੜੇ ਮਨੁੱਖ ਦਿਨ ਰਾਤ ਤੇਰੇ ਨਾਮ ਵਿਚ ਰੰਗੇ ਰਹਿੰਦੇ ਹਨ ਉਹ ਪਵਿਤ੍ਰ-ਆਤਮਾ ਹਨ, (ਪਰ ਨਾਮ ਵਿਸਾਰ ਕੇ) ਜੋ ਜਨਮ ਮਰਨ ਦੇ ਗੇੜ ਵਿਚ ਪਏ ਹੋਏ ਹਨ, ਉਹਨਾਂ ਦੇ ਮਨ ਦੀ ਘਾੜਤ ਅਜੇ ਕੋਝੀ ਹੈ।3।

ਪਰਮਾਤਮਾ ਦੇ ਬਰਾਬਰ ਦਾ ਹੋਰ ਕੋਈ ਨਹੀਂ ਹੈ, ਕੋਈ ਹੋਰ ਮੈਨੂੰ ਉਸ ਵਰਗਾ ਨਹੀਂ ਦਿੱਸਦਾ ਜਿਸ ਦੀ ਮੈਂ ਸਿਫ਼ਤਿ-

ਸਾਲਾਹ ਕਰ ਸਕਾਂ। ਨਾਨਕ ਬੇਨਤੀ ਕਰਦਾ ਹੈ, ਮੈਂ ਉਹਨਾਂ ਦੇ ਦਾਸਾਂ ਦਾ ਦਾਸ ਹਾਂ ਜਿਨ੍ਹਾਂ ਨੇ ਗੁਰੂ ਦੀ ਮਤਿ ਲੈ ਕੇ ਉਸ (ਲਾ-ਸ਼ਰੀਕ) ਪਰਮਾਤਮਾ ਨਾਲ ਡੂੰਘੀ ਸਾਂਝ ਪਾ ਲਈ ਹੈ।4।5।